

# Shabad Hazaarai

Distributed by SikhNet.com

# ਸ਼ਬਦ ਹਜ਼ਾਰੇ ਮਾਝ ਮਹਲਾ ੫
# ਚਉਪਦੇ ਘਰੁ ੧ ॥

ਮੇਰਾ ਮਨੁ ਲੋਚੈ ਗੁਰ ਦਰਸਨ ਤਾਈ ॥
ਬਿਲਪ ਕਰੇ ਚਾਤ੍ਰਿਕ ਕੀ ਨਿਆਈ ॥
ਤ੍ਰਿਖਾ ਨ ਉਤਰੈ ਸਾਂਤਿ ਨ ਆਵੈ
ਬਿਨੁ ਦਰਸਨ ਸੰਤ ਪਿਆਰੇ ਜੀਉ ॥੧॥
ਹਉ ਘੋਲੀ ਜੀਉ ਘੋਲਿ ਘੁਮਾਈ
ਗੁਰ ਦਰਸਨ ਸੰਤ ਪਿਆਰੇ ਜੀਉ ॥੧॥ਰਹਾਉ ॥
ਤੇਰਾ ਮੁਖੁ ਸੁਹਾਵਾ ਜੀਉ ਸਹਜ ਧੁਨਿ ਬਾਣੀ ॥
ਚਿਰੁ ਹੋਆ ਦੇਖੇ ਸਾਰਿੰਗਪਾਣੀ ॥
ਧੰਨੁ ਸੁ ਦੇਸੁ ਜਹਾ ਤੂੰ ਵਸਿਆ
ਮੇਰੇ ਸਜਣ ਮੀਤ ਮੁਰਾਰੇ ਜੀਉ ॥੨॥

ਹਉ ਘੋਲੀ ਹਉ ਘੋਲਿ ਘੁਮਾਈ
ਗੁਰ ਸਜਣ ਮੀਤ ਮੁਰਾਰੇ ਜੀਉ ॥੧॥ਰਹਾਉ ॥
ਇਕ ਘੜੀ ਨ ਮਿਲਤੇ ਤਾ ਕਲਿਜੁਗੁ ਹੋਤਾ ॥
ਹੁਣਿ ਕਦਿ ਮਿਲੀਐ ਪ੍ਰਿਅ ਤੁਧੁ ਭਗਵੰਤਾ ॥
ਮੋਹਿ ਰੈਣਿ ਨ ਵਿਹਾਵੈ ਨੀਦ ਨ ਆਵੈ
ਬਿਨੁ ਦੇਖੇ ਗੁਰ ਦਰਬਾਰੇ ਜੀਉ ॥੩॥
ਹਉ ਘੋਲੀ ਜੀਉ ਘੋਲਿ ਘੁਮਾਈ
ਤਿਸੁ ਸਚੇ ਗੁਰ ਦਰਬਾਰੇ ਜੀਉ ॥੧॥ਰਹਾਉ ॥
ਭਾਗੁ ਹੋਆ ਗੁਰਿ ਸੰਤੁ ਮਿਲਾਇਆ ॥
ਪ੍ਰਭੁ ਅਬਿਨਾਸੀ ਘਰ ਮਹਿ ਪਾਇਆ ॥
ਸੇਵ ਕਰੀ ਪਲੁ ਚਸਾ ਨ ਵਿਛੁੜਾ
ਜਨ ਨਾਨਕ ਦਾਸ ਤੁਮਾਰੇ ਜੀਉ ॥੪॥
ਹਉ ਘੋਲੀ ਜੀਉ ਘੋਲਿ ਘੁਮਾਈ
ਜਨ ਨਾਨਕ ਦਾਸ ਤੁਮਾਰੇ ਜੀਉ ॥ਰਹਾਉ ॥੧॥੮॥

ਧਨਾਸਰੀ ਮਹਲਾ ੧ ਘਰੁ ੧ ਚਉਪਦੇ

ੴ ਸਤਿ ਨਾਮੁ ਕਰਤਾ ਪੁਰਖੁ
ਨਿਰਭਉ ਨਿਰਵੈਰੁ ਅਕਾਲ ਮੂਰਤਿ
ਅਜੂਨੀ ਸੈਭੰ ਗੁਰ ਪ੍ਰਸਾਦਿ ॥

ਜੀਉ ਡਰਤੁ ਹੈ ਆਪਣਾ ਕੈ
ਸਿਉ ਕਰੀ ਪੁਕਾਰ ॥
ਦੂਖ ਵਿਸਾਰਣੁ ਸੇਵਿਆ
ਸਦਾ ਸਦਾ ਦਾਤਾਰੁ ॥੧॥
ਸਾਹਿਬੁ ਮੇਰਾ ਨੀਤ ਨਵਾ
ਸਦਾ ਸਦਾ ਦਾਤਾਰੁ ॥੧॥ਰਹਾਉ ॥
ਅਨਦਿਨੁ ਸਾਹਿਬੁ ਸੇਵੀਐ
ਅੰਤਿ ਛਡਾਏ ਸੋਇ ॥

ਸੁਣਿ ਸੁਣਿ ਮੇਰੀ ਕਾਮਣੀ
ਪਾਰਿ ਉਤਾਰਾ ਹੋਇ ॥੨॥
ਦਇਆਲ ਤੇਰੈ ਨਾਮਿ ਤਰਾ ॥
ਸਦ ਕੁਰਬਾਣੈ ਜਾਉ ॥੧॥ਰਹਾਉ ॥
ਸਰਬੰ ਸਾਚਾ ਏਕੁ ਹੈ ਦੂਜਾ ਨਾਹੀ ਕੋਇ ॥
ਤਾ ਕੀ ਸੇਵਾ ਸੋ ਕਰੇ ਜਾ ਕਉ ਨਦਰਿ ਕਰੇ ॥੩॥
ਤੁਧੁ ਬਾਝੁ ਪਿਆਰੇ ਕੇਵ ਰਹਾ ॥
ਸਾ ਵਡਿਆਈ ਦੇਹਿ ਜਿਤੁ
ਨਾਮਿ ਤੇਰੇ ਲਾਗਿ ਰਹਾਂ ॥
ਦੂਜਾ ਨਾਹੀ ਕੋਇ
ਜਿਸੁ ਆਗੈ ਪਿਆਰੇ ਜਾਇ ਕਹਾ ॥੧॥ਰਹਾਉ ॥
ਸੇਵੀ ਸਾਹਿਬੁ ਆਪਣਾ
ਅਵਰੁ ਨ ਜਾਚੰਉ ਕੋਇ ॥

ਨਾਨਕੁ ਤਾ ਕਾ ਦਾਸੁ ਹੈ
ਬਿੰਦ ਬਿੰਦ ਚੁਖ ਚੁਖ ਹੋਇ ॥੪॥
ਸਾਹਿਬ ਤੇਰੇ ਨਾਮ ਵਿਟਹੁ
ਬਿੰਦ ਬਿੰਦ ਚੁਖ ਚੁਖ ਹੋਇ ॥੧॥ਰਹਾਉ ॥੪॥੧॥

## ਤਿਲੰਗ ਮਹਲਾ ੧ ਘਰੁ ੩

## ੴ ਸਤਿਗੁਰ ਪ੍ਰਸਾਦਿ ॥

ਇਹੁ ਤਨੁ ਮਾਇਆ ਪਾਹਿਆ ਪਿਆਰੇ
ਲੀਤੜਾ ਲਬਿ ਰੰਗਾਏ ॥
ਮੇਰੈ ਕੰਤ ਨ ਭਾਵੈ ਚੋਲੜਾ ਪਿਆਰੇ
ਕਿਉ ਧਨ ਸੇਜੈ ਜਾਏ ॥੧॥
ਹੰਉ ਕੁਰਬਾਨੈ ਜਾਉ ਮਿਹਰਵਾਨਾ
ਹੰਉ ਕੁਰਬਾਨੈ ਜਾਉ ॥

ਹੰਉ ਕੁਰਬਾਨੈ ਜਾਉ
ਤਿਨਾ ਕੈ ਲੈਨਿ ਜੋ ਤੇਰਾ ਨਾਉ ॥
ਲੈਨਿ ਜੋ ਤੇਰਾ ਨਾਉ ਤਿਨਾ ਕੈ
ਹੰਉ ਸਦ ਕੁਰਬਾਨੈ ਜਾਉ ॥੧॥ਰਹਾਉ ॥
ਕਾਇਆ ਰੰਙਣਿ ਜੇ ਥੀਐ ਪਿਆਰੇ
ਪਾਈਐ ਨਾਉ ਮਜੀਠ ॥
ਰੰਙਣ ਵਾਲਾ ਜੇ ਰੰਙੈ
ਸਾਹਿਬੁ ਐਸਾ ਰੰਗੁ ਨ ਡੀਠ ॥੨॥
ਜਿਨ ਕੇ ਚੋਲੇ ਰਤੜੇ ਪਿਆਰੇ
ਕੰਤੁ ਤਿਨਾ ਕੈ ਪਾਸਿ ॥
ਧੂੜਿ ਤਿਨਾ ਕੀ ਜੇ ਮਿਲੈ ਜੀ
ਕਹੁ ਨਾਨਕ ਕੀ ਅਰਦਾਸਿ ॥੩॥
ਆਪੇ ਸਾਜੇ ਆਪੇ ਰੰਗੇ ਆਪੇ ਨਦਰਿ ਕਰੇਇ ॥

ਨਾਨਕ ਕਾਮਣਿ ਕੰਤੈ ਭਾਵੈ
ਆਪੇ ਹੀ ਰਾਵੇਇ ॥੪॥੧॥੩॥

ਤਿਲੰਗ ਮਃ ੧ ॥

ਇਆਨੜੀਏ ਮਾਨੜਾ ਕਾਇ ਕਰੇਹਿ ॥
ਆਪਨੜੈ ਘਰਿ ਹਰਿ ਰੰਗੋ ਕੀ ਨ ਮਾਣੇਹਿ ॥
ਸਹੁ ਨੇੜੈ ਧਨ ਕੰਮਲੀਏ
ਬਾਹਰੁ ਕਿਆ ਢੂਢੇਹਿ ॥
ਭੈ ਕੀਆ ਦੇਹਿ ਸਲਾਈਆ
ਨੈਣੀ ਭਾਵ ਕਾ ਕਰਿ ਸੀਗਾਰੋ ॥
ਤਾ ਸੋਹਾਗਣਿ ਜਾਣੀਐ ਲਾਗੀ
ਜਾ ਸਹੁ ਧਰੇ ਪਿਆਰੋ ॥੧॥
ਇਆਣੀ ਬਾਲੀ ਕਿਆ ਕਰੇ
ਜਾ ਧਨ ਕੰਤ ਨ ਭਾਵੈ ॥

ਕਰਣ ਪਲਾਹ ਕਰੇ ਬਹੁਤੇਰੇ
ਸਾ ਧਨ ਮਹਲੁ ਨ ਪਾਵੈ ॥
ਵਿਣੁ ਕਰਮਾ ਕਿਛੁ ਪਾਈਐ ਨਾਹੀ
ਜੇ ਬਹੁਤੇਰਾ ਧਾਵੈ ॥
ਲਬ ਲੋਭ ਅਹੰਕਾਰ ਕੀ ਮਾਤੀ
ਮਾਇਆ ਮਾਹਿ ਸਮਾਣੀ ॥
ਇਨੀ ਬਾਤੀ ਸਹੁ ਪਾਈਐ ਨਾਹੀ
ਭਈ ਕਾਮਣਿ ਇਆਣੀ ॥੨॥
ਜਾਇ ਪੁਛਹੁ ਸੋਹਾਗਣੀ ਵਾਹੈ
ਕਿਨੀ ਬਾਤੀ ਸਹੁ ਪਾਈਐ ॥
ਜੋ ਕਿਛੁ ਕਰੇ ਸੋ ਭਲਾ ਕਰਿ ਮਾਨੀਐ
ਹਿਕਮਤਿ ਹੁਕਮੁ ਚੁਕਾਈਐ ॥
ਜਾ ਕੈ ਪ੍ਰੇਮਿ ਪਦਾਰਥੁ ਪਾਈਐ
ਤਉ ਚਰਣੀ ਚਿਤੁ ਲਾਈਐ ॥

ਸਹੁ ਕਹੈ ਸੋ ਕੀਜੈ ਤਨੁ ਮਨੋ ਦੀਜੈ
ਐਸਾ ਪਰਮਲੁ ਲਾਈਐ ॥
ਏਵ ਕਹਹਿ ਸੋਹਾਗਣੀ ਭੈਣੇ
ਇਨੀ ਬਾਤੀ ਸਹੁ ਪਾਈਐ ॥੩॥
ਆਪੁ ਗਵਾਈਐ ਤਾ ਸਹੁ ਪਾਈਐ
ਅਉਰੁ ਕੈਸੀ ਚਤੁਰਾਈ ॥
ਸਹੁ ਨਦਰਿ ਕਰਿ ਦੇਖੈ ਸੋ ਦਿਨੁ ਲੇਖੈ
ਕਾਮਣਿ ਨਉ ਨਿਧਿ ਪਾਈ ॥
ਆਪਣੇ ਕੰਤ ਪਿਆਰੀ
ਸਾ ਸੋਹਾਗਣਿ ਨਾਨਕ ਸਾ ਸਭਰਾਈ ॥
ਐਸੇ ਰੰਗਿ ਰਾਤੀ ਸਹਜ ਕੀ ਮਾਤੀ
ਅਹਿਨਿਸਿ ਭਾਇ ਸਮਾਣੀ ॥
ਸੁੰਦਰਿ ਸਾਇ ਸਰੂਪ ਬਿਚਖਣਿ
ਕਹੀਐ ਸਾ ਸਿਆਣੀ ॥੪॥੨॥੪॥

# ਸੂਹੀ ਮਹਲਾ ੧ ॥

ਕਉਣ ਤਰਾਜੀ ਕਵਣੁ ਤੁਲਾ ਤੇਰਾ
ਕਵਣੁ ਸਰਾਫੁ ਬੁਲਾਵਾ ॥
ਕਉਣੁ ਗੁਰੂ ਕੈ ਪਹਿ ਦੀਖਿਆ ਲੇਵਾ
ਕੈ ਪਹਿ ਮੁਲੁ ਕਰਾਵਾ ॥੧॥
ਮੇਰੇ ਲਾਲ ਜੀਉ ਤੇਰਾ ਅੰਤੁ ਨ ਜਾਣਾ ॥
ਤੂੰ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ
ਤੂੰ ਆਪੇ ਸਰਬ ਸਮਾਣਾ ॥੧॥ਰਹਾਉ ॥
ਮਨੁ ਤਾਰਾਜੀ ਚਿਤੁ ਤੁਲਾ ਤੇਰੀ
ਸੇਵ ਸਰਾਫੁ ਕਮਾਵਾ ॥
ਘਟ ਹੀ ਭੀਤਰਿ ਸੋ ਸਹੁ ਤੋਲੀ
ਇਨ ਬਿਧਿ ਚਿਤੁ ਰਹਾਵਾ ॥੨॥
ਆਪੇ ਕੰਡਾ ਤੋਲੁ ਤਰਾਜੀ
ਆਪੇ ਤੋਲਣਹਾਰਾ ॥

ਆਪੇ ਦੇਖੈ ਆਪੇ ਬੂਝੈ ਆਪੇ ਹੈ ਵਣਜਾਰਾ॥੩॥
ਅੰਧੁਲਾ ਨੀਚ ਜਾਤਿ ਪਰਦੇਸੀ
ਖਿਨੁ ਆਵੈ ਤਿਲੁ ਜਾਵੈ ॥
ਤਾ ਕੀ ਸੰਗਤਿ ਨਾਨਕੁ ਰਹਦਾ
ਕਿਉ ਕਰਿ ਮੂੜਾ ਪਾਵੈ ॥੪॥੨॥੯॥

ੴ ਸਤਿ ਨਾਮੁ ਕਰਤਾ ਪੁਰਖੁ
ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ
ਗੁਰ ਪ੍ਰਸਾਦਿ ॥
ਰਾਗੁ ਬਿਲਾਵਲੁ ਮਹਲਾ ੧
ਚਉਪਦੇ ਘਰੁ ੧ ॥

ਤੂ ਸੁਲਤਾਨੁ ਕਹਾ ਹਉ ਮੀਆ
ਤੇਰੀ ਕਵਨ ਵਡਾਈ ॥
ਜੋ ਤੂ ਦੇਹਿ ਸੁ ਕਹਾ ਸੁਆਮੀ
ਮੈ ਮੂਰਖ ਕਹਣੁ ਨ ਜਾਈ ॥੧॥
ਤੇਰੇ ਗੁਣ ਗਾਵਾ ਦੇਹਿ ਬੁਝਾਈ ॥
ਜੈਸੇ ਸਚ ਮਹਿ ਰਹਉ ਰਜਾਈ ॥੧॥ਰਹਾਉ ॥
ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ
ਤੇਰੀ ਸਭ ਅਸਨਾਈ ॥
ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ
ਮੈ ਅੰਧੁਲੇ ਕਿਆ ਚਤੁਰਾਈ ॥੨॥
ਕਿਆ ਹਉ ਕਥੀ ਕਥੇ ਕਥਿ ਦੇਖਾ
ਮੈ ਅਕਥੁ ਨ ਕਥਨਾ ਜਾਈ ॥
ਜੋ ਤੁਧੁ ਭਾਵੈ ਸੋਈ ਆਖਾ
ਤਿਲੁ ਤੇਰੀ ਵਡਿਆਈ ॥੩॥

ਏਤੇ ਕੂਕਰ ਹਉ ਬੇਗਾਨਾ
ਭਉਕਾ ਇਸੁ ਤਨ ਤਾਈ ॥
ਭਗਤਿ ਹੀਣੁ ਨਾਨਕੁ ਜੇ ਹੋਇਗਾ
ਤਾ ਖਸਮੈ ਨਾਉ ਨ ਜਾਈ ॥੪॥੧॥

ਬਿਲਾਵਲੁ ਮਹਲਾ ੧ ॥

ਮਨੁ ਮੰਦਰੁ ਤਨੁ ਵੇਸ ਕਲੰਦਰੁ
ਘਟ ਹੀ ਤੀਰਥਿ ਨਾਵਾ ॥
ਏਕੁ ਸਬਦੁ ਮੇਰੈ ਪ੍ਰਾਨਿ ਬਸਤੁ ਹੈ
ਬਾਹੁੜਿ ਜਨਮਿ ਨ ਆਵਾ ॥੧॥
ਮਨੁ ਬੇਧਿਆ ਦਇਆਲ ਸੇਤੀ ਮੇਰੀ ਮਾਈ ॥
ਕਉਣੁ ਜਾਣੈ ਪੀਰ ਪਰਾਈ ॥
ਹਮ ਨਾਹੀ ਚਿੰਤ ਪਰਾਈ ॥੧॥ਰਹਾਉ ॥

ਅਗਮ ਅਗੋਚਰ ਅਲਖ ਅਪਾਰਾ
ਚਿੰਤਾ ਕਰਹੁ ਹਮਾਰੀ ॥
ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ
ਘਟਿ ਘਟਿ ਜੋਤਿ ਤੁਮ੍ਾਰੀ ॥੨॥
ਸਿਖ ਮਤਿ ਸਭ ਬੁਧਿ ਤੁਮ੍ਾਰੀ
ਮੰਦਿਰ ਛਾਵਾ ਤੇਰੇ ॥
ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ
ਗੁਣ ਗਾਵਾ ਨਿਤ ਤੇਰੇ ॥੩॥
ਜੀਅ ਜੰਤ ਸਭਿ ਸਰਣਿ ਤੁਮ੍ਾਰੀ
ਸਰਬ ਚਿੰਤ ਤੁਧੁ ਪਾਸੇ ॥
ਜੋ ਤੁਧੁ ਭਾਵੈ ਸੋਈ ਚੰਗਾ
ਇਕ ਨਾਨਕ ਕੀ ਅਰਦਾਸੇ ॥੪॥੨॥